**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 15-10-2025**

ਪ੍ਰਧਾਨ ਮੰਤਰੀ ਅਤੇ ਸੀਨੀਅਰ BJP ਨੇਤਾ ਨਰੇਂਦਰ ਮੋਦੀ ਅੱਜ ਬਿਹਾਰ ਵਿੱਚ ਬੂਥ ਪੱਧਰ 'ਤੇ ਪਾਰਟੀ ਵਰਕਰਾਂ ਨਾਲ ਗੱਲਬਾਤ ਕਰਨ ਨਾਲ ਬਿਹਾਰ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਸ਼ੁਰੂ ਕਰਨਗੇ। ਉਹ "MERA BOOTH SABSE MAZBOOT" ਮੁਹਿੰਮ ਦੇ ਹਿੱਸੇ ਵਜੋਂ ਪਾਰਟੀ ਵਰਕਰਾਂ ਨਾਲ ਗੱਲਬਾਤ ਕਰਨਗੇ। ਚੋਣ ਮੁਹਿੰਮ ਵਿੱਚ ਪਾਰਟੀ ਵਰਕਰਾਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਉਹ ਬਿਹਾਰ ਵਿੱਚ NDA ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਪੂਰੀ ਊਰਜਾ ਨਾਲ ਕੰਮ ਕਰ ਰਹੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅਜਿਹੇ ਸਮਰਪਿਤ ਅਤੇ ਵਚਨਬੱਧ ਵਰਕਰਾਂ ਨਾਲ ਗੱਲਬਾਤ ਕਰਨ ਨਾਲ ਨਵੀਂ ਊਰਜਾ ਮਿਲਦੀ ਏ ।

---------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਨਿਵੇਸ਼ ਲਈ ਤਰਜੀਹੀ ਸਥਾਨ ਦੱਸਦਿਆਂ ਉਦਯੋਗਪਤੀਆਂ ਨੂੰ ਆਪਣੇ ਕਾਰੋਬਾਰ ਨੂੰ ਹੁਲਾਰਾ

ਦੇਣ ਲਈ ਸੂਬੇ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਏ। ਬੀਤੇ ਦਿਨ ਬੰਗਲੁਰੂ ਵਿਖੇ ਉੱਘੇ ਉਦਯੋਗਪਤੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੱਖਣ ਭਾਰਤੀ ਸੂਬੇ ਕਰਨਾਟਕ ਦੀ ਰਾਜਧਾਨੀ ਵਿਖੇ ਉਦਯੋਗਿਕ ਖੇਤਰ ਦੇ ਦਿੱਗਜਾਂ ਦਾ ਨਿੱਘਾ ਸਵਾਗਤ ਕੀਤਾ। ਉਨਾਂ ਕਿਹਾ ਕਿ ਪੰਜਾਬ ਲਗਾਤਾਰ ਉਦਯੋਗਿਕ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਛੋਹ ਰਿਹਾ ਏ ਅਤੇ ਸੂਬੇ ਦੀਆਂ ਉਦਯੋਗ-ਪੱਖੀ ਨੀਤੀਆਂ, ਪਾਰਦਰਸ਼ੀ ਪ੍ਰਸ਼ਾਸਨ ਅਤੇ ਕਾਰੋਬਾਰ-ਪੱਖੀ ਮਾਹੌਲ ਸਦਕਾ ਵੱਡੀ ਗਿਣਤੀ ਵਿੱਚ ਨਿਵੇਸ਼ ਸੂਬੇ ਵੱਲ ਆਕਰਸ਼ਿਤ ਹੋ ਰਿਹਾ ਏ। ਉਨ੍ਹਾਂ ਕਿਹਾ ਕਿ ਮਾਰਚ  2022 ਤੋਂ ਲੈ ਕੇ ਹੁਣ ਤੱਕ ਪੰਜਾਬ ਨੂੰ 1.23 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਨੇ, ਜਿਸ ਨਾਲ ਲਗਭਗ 4.7 ਲੱਖ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ।

--------------------------------------------------------------------------------------

ਪਿਛਲੇ ਮਹੀਨੇ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਹੜ੍ਹ ਦੀ ਮਾਰ ਪੈਣ ਕਰਕੇ ਜਿੱਥੇ ਆਮ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਸੀ, ਉਥੇ ਹੀ ਜ਼ਿਲ੍ਹਾ ਗੁਰਦਾਸਪੁਰ ਅੰਦਰ ਕਿਸਾਨੀ ਨੂੰ ਵੀ ਭਾਰੀ ਮਾਰ ਪਈ ਸੀ। ਇਸ ਮਗਰੋਂ ਪੰਜਾਬ ਸਰਕਾਰ ਵੱਲੋਂ ਤੁਰੰਤ ਫ਼ਸਲਾਂ ਦੀ ਗਿਰਦਾਵਰੀ ਕਰਾਉਣ ਦੇ ਹੁਕਮ ਜਾਰੀ ਕੀਤੇ ਸਨ। ਅੱਜ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ ਹੜ੍ਹ ਪ੍ਰਭਾਵਿਤ

ਇਲਾਕੇ ਦੇ ਕਿਸਾਨਾਂ ਨੂੰ ਮੁਆਵਜ਼ੇ ਦੇ ਚੈੱਕ ਵੰਡੇ ਗਏ। Byte- ਇਸ ਦੌਰਾਨ ਕੱਲ੍ਹ ਕੇਂਦਰੀ ਖੇਤੀਬਾੜੀ ਅਤੇ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਸੀ ਕਿ ਕੇਂਦਰ ਨੇ ਹਾਲ ਹੀ ਵਿੱਚ ਹੜ੍ਹਾਂ ਦੌਰਾਨ ਨੁਕਸਾਨੇ ਗਏ 36 ਹਜ਼ਾਰ 703 ਮਕਾਨਾਂ ਦੀ ਮੁੜ ਉਸਾਰੀ ਲਈ ਪੰਜਾਬ ਦੀ ਤਜਵੀਜ਼ ਨੂੰ ਸਵੀਕਾਰ ਕਰ ਲਿਆ ਏ ਅਤੇ ਇਸ ਉਦੇਸ਼ ਲਈ ਹਰੇਕ ਪਰਿਵਾਰ ਨੂੰ 1 ਲੱਖ 60 ਹਜ਼ਾਰ ਰੁਪਏ ਦਿੱਤੇ ਜਾਣਗੇ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਤ ਕਿਸਾਨਾਂ ਨੂੰ ਅਨਾਜ ਦੇ ਮੁਫ਼ਤ ਬੀਜ ਵੰਡਣ ਲਈ 74 ਕਰੋੜ ਰੁਪਏ ਵੀ ਮਨਜ਼ੂਰ ਕਰ ਦਿੱਤੇ ਗਏ ਨੇ।

---------------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਹੜ੍ਹਾਂ ਤੋਂ ਸੂਬੇ ਦੀ ਸਥਾਈ ਸੁਰੱਖਿਆ ਲਈ ਬਹੁਤ ਗੰਭੀਰ ਏ। ਇਸ ਉਦੇਸ਼ ਲਈ ਰਾਵੀ ਅਤੇ ਸਤਲੁਜ ਦਰਿਆਵਾਂ ਦੇ ਪੰਜਾਬ ਵਿਚਲੇ ਹਿੱਸਿਆਂ ਨੂੰ ਸਾਫ ਕਰਨ, ਡੂੰਘਾ ਕਰਨ ਅਤੇ ਚੌੜਾ ਕਰਨ ਦੀ ਯੋਜਨਾ ਏ, ਜਦੋਂਕਿ ਰਾਮਸਰ ਸਾਈਟ ਵਜੋਂ ਮਨੋਨੀਤ ਬਿਆਸ ਦਰਿਆ ਨੂੰ ਸਾਫ ਕਰਨ ਲਈ ਕੇਂਦਰ ਸਰਕਾਰ ਤੋਂ ਇਜਾਜ਼ਤ ਮੰਗੀ ਗਈ ਏ। ਦਿੜ੍ਹਬਾ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਮੰਤਰੀ ਚੀਮਾ ਨੇ ਇਸ ਗੱਲ ‘ਤੇ ਜ਼ੋਰ ਦਿੱਤਾ ਕਿ ਲੰਬੇ ਸਮੇਂ ਲਈ ਹੜ੍ਹਾਂ ਤੋਂ

ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਦਰਿਆਵਾਂ ਨੂੰ ਸਾਫ ਕਰਨ ਦੀ ਅਹਿਮ ਲੋੜ ਏ। ਉਨਾਂ ਕਿਹਾ ਕਿ ਬਿਆਸ ਦਰਿਆ ਦੀਆਂ 28 ਥਾਵਾਂ ਦੀ ਪਛਾਣ ਕੀਤੀ ਗਈ ਏ ਜਿਨ੍ਹਾਂ ਨੂੰ ਤੁਰੰਤ ਸਫ਼ਾਈ ਦੀ ਲੋੜ ਏ ਅਤੇ ਕੇਂਦਰ ਸਰਕਾਰ ਨੂੰ ਇਸ ਪਹਿਲਕਦਮੀ ਲਈ ਵੱਧ ਤੋਂ ਵੱਧ ਸਹਾਇਤਾ ਪ੍ਰਦਾਨ ਕਰਨ ਦੀ ਅਪੀਲ ਕੀਤੀ ਏ। ਇਸ ਦੌਰਾਨ ਮੰਤਰੀ ਚੀਮਾ ਨੇ ਆਪਣੇ ਦਿੜਬਾ ਵਿਧਾਨ ਸਭਾ ਹਲਕੇ ਵਿਚ 11.46 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖ ਵੀ ਰੱਖਿਆ।

---------------------------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਅੰਮ੍ਰਿਤਸਰ, ਜਲੰਧਰ ਅਤੇ ਪਟਿਆਲਾ ਵਿਖੇ ਮੈਸਰਜ਼ ਐਲ ਐਂਡ ਟੀ ਵੱਲੋਂ ਚਲਾਏ ਜਾ ਰਹੇ ਜਲ ਸਪਲਾਈ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਇੱਕ ਵਿਸਥਾਰਤ ਸਮੀਖਿਆ ਮੀਟਿੰਗ ਕੀਤੀ। ਕੈਬਨਿਟ ਮੰਤਰੀ ਨੇ ਪ੍ਰੋਜੈਕਟ ਦੇ ਯੋਜਨਾਬੱਧ ਅਤੇ ਜਲਦ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਪਟਿਆਲਾ ਲਈ ਜ਼ੋਨ-ਵਾਰ ਲਾਗੂਕਰਨ ਯੋਜਨਾ ਬਣਾਉਣ ਲਈ ਕਿਹਾ ਅਤੇ ਅੰਮ੍ਰਿਤਸਰ ਤੇ ਜਲੰਧਰ ਵਿੱਚ ਕਾਮਿਆਂ ਦੀ ਗਿਣਤੀ ਨੂੰ ਵਧਾਉਣ ਦੇ ਨਿਰਦੇਸ਼ ਦਿੱਤੇ। ਡਾ. ਰਵਜੋਤ ਸਿੰਘ ਨੇ ਮੈਸਰਜ਼ ਐਲ ਐਂਡ ਟੀ ਨੂੰ ਹਦਾਇਤ ਕੀਤੀ ਕਿ ਉਹ ਪਛਾਣ ਕੀਤੇ ਗਏ ਸਾਰੇ ਜ਼ੋਨਾਂ ਵਿੱਚ ਪ੍ਰਭਾਵਸਾਲੀ ਅਤੇ ਸਮੇਂ ਸਿਰ

ਸੜਕਾਂ ਦੀ ਮੁਰੰਮਤ ਲਈ ਸਮਰਪਿਤ ਟੀਮਾਂ ਤਾਇਨਾਤ ਕਰਨ। ਉਨਾਂ ਕੰਪਨੀ ਨੂੰ ਇਹ ਵੀ ਕਿਹਾ ਕਿ ਉਹ ਲਾਗੂਕਰਨ ਪੜਾਅ ਦੌਰਾਨ ਯਾਤਰੀਆਂ ਨੂੰ ਕਿਸੇ ਵੀ ਕਿਸਮ ਦੀ ਪਰੇਸ਼ਾਨੀ ਨਾ ਹੋਣ ਨੂੰ ਯਕੀਨੀ ਬਣਾਉਣ ਲਈ ਮਜ਼ਬੂਤ ਟ੍ਰੈਫਿਕ ਪ੍ਰਬੰਧਾਂ ਨੂੰ ਸੁਨਿਸ਼ਚਿਤ ਕੀਤਾ ਜਾਵੇ।

--------------------------------------------------------------------------------

ਸਰਹੱਦ ਪਾਰੋਂ ਹੁੰਦੀ ਤਸਕਰੀ 'ਤੇ ਸਖ਼ਤ ਕਾਰਵਾਈ ਕਰਦਿਆਂ ਬੀਐਸਐਫ ਦੇ ਜਵਾਨਾਂ ਨੇ ਫਿਰੋਜ਼ਪੁਰ ਅਤੇ ਅੰਮ੍ਰਿਤਸਰ ਸਰਹੱਦਾਂ 'ਤੇ ਦੋ ਵੱਖ-ਵੱਖ ਘਟਨਾਵਾਂ ਵਿੱਚ 6 ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰ ਕੇ ਪਿਸਤੌਲ, ਗੋਲਾ ਬਾਰੂਦ ਅਤੇ ਡਰੋਨ ਜ਼ਬਤ ਕੀਤੇ ਨੇ। ਬੀਤੀ ਰਾਤ ਬੀਐਸਐਫ ਜਵਾਨਾਂ ਨੇ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਫਿਰੋਜ਼ਪੁਰ ਦੇ ਪਿੰਡ ਖਾਈ ਫੇਮੇ ਕੀ ਨੇੜੇ ਇੱਕ ਸਾਂਝੇ ਨਾਕੇ 'ਤੇ 6 ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦੇ ਕਬਜ਼ੇ ਵਿੱਚੋਂ ਇਕ ਪਿਸਤੌਲ, ਇਕ ਮੈਗਜ਼ੀਨ ਤੇ ਦੋ ਕਾਰਤੂਸ ਬਰਾਮਦ ਹੋਏ। ਅਪਰਾਧੀਆਂ ਨੂੰ ਹੋਰ ਜਾਂਚ ਲਈ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ। ਇੱਕ ਹੋਰ ਕਾਰਵਾਈ ਵਿੱਚ, ਬੀਐਸਐਫ ਜਵਾਨਾਂ ਨੇ ਡਰੋਨ ਦੀ ਗਤੀਵਿਧੀ ਦੀ ਸੂਚਨਾ ਮਿਲਣ 'ਤੇ ਚਲਾਈ ਤਲਾਸ਼ੀ ਮੁਹਿੰਮ ਦੌਰਾਨ ਅੰਮ੍ਰਿਤਸਰ ਦੇ ਪਿੰਡ ਕੱਕੜ ਨੇੜੇ ਇੱਕ ਖੇਤ ਵਿਚੋਂ ਇਕ ਡਰੋਨ ਬਰਾਮਦ ਕੀਤਾ ਜਿਸ ਵਿੱਚ ਇਕ ਪਿਸਤੌਲ ਦੋ ਮੈਗਜ਼ੀਨ ਅਤੇ 06 ਕਾਰਤੂਸ ਸਨ।